# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :14-02-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਚੰਡੀਗੜ੍ਹ ਦੇ ਸੈਕਟਰ 43 ਬੱਸ ਅੱਡੇ ਤੋਂ ਪੀ.ਐਮ ਈ-ਬੱਸ ਸੇਵਾ ਯੋਜਨਾ ਤਹਿਤ ਵਰਚੁਲ ਮਾਧਿਅਮ ਰਾਹੀਂ ਨਵੀਆਂ ਇਲੈਕਟ੍ਰਿਕ ਬੱਸਾਂ ਨੂੰ ਰਵਾਨਾ ਕਰਨਗੇ । ਪੀ.ਐਮ ਈ-ਬੱਸ ਸੇਵਾ ਯੋਜਨਾ ਕੇਂਦਰ ਸਰਕਾਰ ਦੀ ਇੱਕ ਪ੍ਰਮੁੱਖ ਪਹਿਲਕਦਮੀ ਏ, ਜੋ ਅਗਸਤ 2023 ਵਿੱਚ ਸ਼ੁਰੂ ਕੀਤੀ ਗਈ ਸੀ। ਇਸ ਯੋਜਨਾ ਦਾ ਉਦੇਸ਼ ਜਨਤਕ-ਨਿੱਜੀ ਭਾਈਵਾਲੀ ਮਾਡਲ ਰਾਹੀਂ 169 ਸ਼ਹਿਰਾਂ ਵਿੱਚ 10 ਹਜ਼ਾਰ ਇਲੈਕਟ੍ਰਿਕ ਬੱਸਾਂ ਚਲਾਉਣਾ ਏ । ਲਗਭਗ 57 ਹਜ਼ਾਰ 613 ਕਰੋੜ ਦੀ ਲਾਗਤ ਵਾਲੀ ਇਸ ਯੋਜਨਾ ਦਾ ਉਦੇਸ਼ ਸਵੱਛ ਸ਼ਹਿਰੀ ਆਵਾਜਾਈ ਨੂੰ ਉਤਸ਼ਾਹਿਤ ਕਰਨਾ ਏ । ਸੰਗਠਿਤ ਬੱਸ ਸੇਵਾਵਾਂ ਦੀ ਘਾਟ ਵਾਲੇ ਸ਼ਹਿਰਾਂ ਵੱਲ ਖਾਸ ਧਿਆਨ ਦਿੱਤਾ ਜਾ ਰਿਹਾ ਏ । ਇਸ ਯੋਜਨਾ ਵਿੱਚ ਬੱਸ ਡਿਪੂ ਦੇ ਬੁਨਿਆਦੀ ਢਾਂਚੇ ਦਾ ਵਿਕਾਸ ਵੀ ਸ਼ਾਮਲ ਏ ।

-----------------------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਲ 2019 ਦੇ ਪੁਲਵਾਮਾ ਦਹਿਸ਼ਤਗਰਦੀ ਹਮਲੇ ਵਿੱਚ ਸ਼ਹੀਦ ਹੋਏ ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸੋਸ਼ਲ ਮੀਡੀਆ 'ਤੇ ਆਪਣੇ ਸੰਦੇਸ਼ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਸੁਰੱਖਿਆ ਕਰਮਚਾਰੀਆਂ ਦੇ ਸਰਵਉੱਚ ਬਲੀਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ਅਤੇ ਹਰ ਨਾਗਰਿਕ ਨੂੰ ਇੱਕ ਮਜ਼ਬੂਤ ਅਤੇ ਸੁਰੱਖਿਅਤ ਭਾਰਤ ਬਣਾਉਣ ਲਈ ਪ੍ਰੇਰਿਤ ਕਰਦਾ ਰਹੇਗਾ। ਇੱਕ ਸੰਦੇਸ਼ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸ਼ਹੀਦ ਜਵਾਨਾਂ ਦੀ ਰਾਸ਼ਟਰ ਪ੍ਰਤੀ ਵਫ਼ਾਦਾਰੀ, ਦ੍ਰਿੜਤਾ ਅਤੇ ਸੇਵਾ ਦੇਸ਼ ਵਾਸੀਆਂ ਦੀ ਸਮੂਹਿਕ ਚੇਤਨਾ ਵਿੱਚ ਹਮੇਸ਼ਾ ਜ਼ਿੰਉਂਦੀ ਰਹੇਗੀ। ਉਨ੍ਹਾਂ ਕਿਹਾ ਕਿ ਹਰ ਭਾਰਤੀ ਉਨ੍ਹਾਂ ਦੇ ਬੇਮਿਸਾਲ ਸਾਹਸ ਤੋਂ ਪ੍ਰੇਰਨਾ ਅਤੇ ਤਾਕਤ ਪ੍ਰਾਪਤ ਕਰਦਾ ਏ । ਕੇਂਦਰੀ ਗ੍ਰਹਿ ਮੰਤਰੀ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਪੁਲਵਾਮਾ ਹਮਲੇ ਵਿੱਚ ਸ਼ਹੀਦ ਹੋਏ ਜਵਾਨਾਂ ਦੀ ਬਹਾਦਰੀ ਨੂੰ ਯਾਦ ਕੀਤਾ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ।

-----------------------------------------------------------------------

ਓਧਰ ਦੀਨਾਨਗਰ ਵਿਚ ਪੁਲਵਾਮਾ ਦਹਿਸ਼ਤਗਰਦੀ ਹਮਲੇ ਦੇ ਸ਼ਹੀਦ ਸੀ.ਆਰ.ਪੀ.ਐਫ ਦੀ 75 ਬਟਾਲੀਅਨ ਦੇ ਕਾਂਸਟੇਬਲ ਤੇ ਮਨਿੰਦਰ

ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ । ਇਸ ਮੌਕੇ ਮੁੱਖ ਨਿਆਂਇਕ ਮੈਜਿਸਟ੍ਰੇਟ ਹਰਪ੍ਰੀਤ ਸਿੰਘ ਨੇ, 25 ਮਕੈਨੀਕਲ ਯੂਨਿਟ ਦੇ ਕਮਾਂਡਿੰਗ ਅਫ਼ਸਰ ਕਰਨਲ ਵਿਸ਼ਵਨਾਥ ਸੀ.ਜੀ ਅਤੇ ਤੀਜੀ ਜੈਕ ਐਲ.ਆਈ. ਯੂਨਿਟ ਦੇ ਲੈਫਟੀਨੈਂਟ ਬੀ.ਐਸ. ਨੇਗੀ ਨੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸ਼ਹੀਦ ਦੇ ਪਿਤਾ ਸਤਪਾਲ ਨੇ ਦੱਸਿਆ ।
BYTE:RNU140226

---

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਸਾਬਕਾ ਵਿਦੇਸ਼ ਮੰਤਰੀ ਸੁਸ਼ਮਾ ਸਵਰਾਜ ਨੂੰ ਉਨ੍ਹਾਂ ਦੀ ਜੈਅੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਸੁਸ਼ਮਾ ਸਵਰਾਜ ਇੱਕ ਅਸਾਧਾਰਨ ਨੇਤਾ ਅਤੇ ਇੱਕ ਦਿਆਲੂ ਜਨਤਕ ਸੇਵਕ ਸਨ। ਸ਼੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਰਾਸ਼ਟਰ ਪ੍ਰਤੀ ਉਨ੍ਹਾਂ ਦਾ ਸਮਰਪਣ, ਸ਼ਾਨਦਾਰ ਸੰਸਦੀ ਵਿਰਾਸਤ ਅਤੇ ਮਾਨਵਤਾਵਾਦੀ ਕੂਟਨੀਤੀ ਲੱਖਾਂ ਲੋਕਾਂ ਨੂੰ ਪ੍ਰੇਰਿਤ ਕਰਦੀ ਰਹੇਗੀ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਸੋਸ਼ਲ ਮੀਡੀਆ 'ਤੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸੁਸ਼ਮਾ ਸਵਰਾਜ ਨੇ ਜਨਤਕ ਭਲਾਈ ਨੂੰ ਆਪਣੇ ਜੀਵਨ ਦਾ ਟੀਚਾ ਬਣਾਇਆ ਅਤੇ ਰਾਸ਼ਟਰੀ ਹਿੱਤ ਦੇ ਮੁੱਦਿਆਂ 'ਤੇ ਦਲੇਰਾਨਾ ਰਾਏ ਪ੍ਰਗਟ ਕਰਨ ਲਈ ਪ੍ਰਸਿੱਧੀ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਰਾਸ਼ਟਰ, ਸੱਭਿਆਚਾਰ,

ਭਾਸ਼ਾ, ਵਿਦੇਸ਼ ਨੀਤੀ ਅਤੇ ਮਹਿਲਾ ਸਸ਼ਕਤੀਕਰਨ ਵਿੱਚ ਉਨ੍ਹਾਂ ਦਾ ਯੋਗਦਾਨ ਆਉਣ ਵਾਲੇ ਦਹਾਕਿਆਂ ਤੱਕ ਦੇਸ਼ ਵਾਸੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ।

---

ਕੈਬਿਨੇਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਹੋਲੇ ਮਹੱਲੇ ਦੇ ਪਵਿੱਤਰ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਗਤ ਦੀ ਆਮਦ ਦੇ ਮੱਦੇਨਜ਼ਰ ਅਧਿਕਾਰੀਆਂ ਨੂੰ ਲੋੜੀਂਦੇ ਪ੍ਰਬੰਧ ਕਰਨ ਦੇ ਨਿਰਦੇਸ਼ ਦਿੱਤੇ ਨੇ । ਤਿਆਰੀਆਂ ਦਾ ਜਾਇਜ਼ਾ ਲੈਣ ਲਈ ਰੂਪਨਗਰ ਜ਼ਿਲ੍ਹਾ ਪ੍ਰਸ਼ਾਸਨ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਹਰਜੋਤ ਸਿੰਘ ਬੈਂਸ ਨੇ ਬੁਨਿਆਦੀ ਢਾਂਚੇ ਅਤੇ ਭਾਰੀ ਇਕੱਠ ਦੇ ਪ੍ਰਬੰਧਨ ਲਈ ਰਣਨੀਤੀਆਂ ਦੀ ਸਮੀਖਿਆ ਕੀਤੀ। ਸਮੀਖਿਆ ਦੌਰਾਨ ਇਹ ਯਕੀਨੀ ਬਣਾਇਆ ਗਿਆ ਕਿ ਤਿੰਨ ਦਿਨਾਂ ਸਮਾਗਮ ਦੌਰਾਨ ਸਿੱਖ ਧਰਮ ਦੇ ਮੂਲ ਸਿਧਾਂਤਾਂ ਨੂੰ ਬਰਕਰਾਰ ਰੱਖਿਆ ਜਾਵੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਨੂੰ ਅੱਠ ਏਕੜ ਵਿੱਚ ਟੈਂਟ ਸਿਟੀ, ਇੱਕ ਸਮਰਪਿਤ ਟਰਾਲੀ ਸਿਟੀ, 60 ਸ਼ਟਲ ਬੱਸਾਂ, 100 ਈ-ਰਿਕਸ਼ਾ, ਪੈਦਲ ਚੱਲਣ ਵਾਲਿਆਂ ਲਈ ਰਸਤੇ ਵਾਲੀਆਂ ਅਤੇ 25 ਪਾਰਕਿੰਗ ਜ਼ੋਨਾਂ ਸਥਾਪਤ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਹਰਜੋਤ ਸਿੰਘ ਬੈਂਸ ਨੇ ਸਬੰਧਤ ਸੀਨੀਅਰ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਗਏ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ

ਹੋਣ ਵਾਲੀ ਸੰਗਤ ਲਈ ਸੁਚਾਰੂ ਆਵਾਜਾਈ ਯਕੀਨੀ ਜਾਵੇ, ਆਲੇ-ਦੁਆਲੇ ਨੂੰ ਸਾਫ਼-ਸੁਥਰਾ ਰੱਖਿਆ ਜਾਵੇ ਅਤੇ ਸੰਗਤ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਨਾ ਹੋਣ ਦਿੱਤੀ ਜਾਵੇ।

------------------------------------------------------------------------

ਪੰਜਾਬ ਕੈਬਨਿਟ ਦੀ ਸਬ-ਕਮੇਟੀ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਲਈ ਸਾਲ ਭਰ ਦੇ ਖਾਕੇ ਨੂੰ ਅੰਤਿਮ ਰੂਪ ਦੇਣ ਲਈ ਆਪਣੀ ਦੂਜੀ ਮੀਟਿੰਗ ਕੀਤੀ। ਕੱਲ ਚੰਡੀਗੜ੍ਹ 'ਚ ਹੋਈ ਇਸ ਮੀਟਿੰਗ ਦੌਰਾਨ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਸਮੇਤ ਹੋਰਨਾਂ ਨੇ ਮਹੀਨਾਵਾਰ ਪ੍ਰੋਗਰਾਮਾਂ ਦੇ ਪ੍ਰਬੰਧਾ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ । ਵਿੱਤ ਮੰਤਰੀ ਨੇ ਕਿਹਾ ਕਿ ਕੈਬਨਿਟ ਸਬ-ਕਮੇਟੀ ਨੇ ਵਾਰਾਣਸੀ, ਫਰੀਦਕੋਟ, ਜੰਮੂ ਅਤੇ ਬਠਿੰਡਾ ਤੋਂ ਚਾਰ ਵੱਡੀਆਂ ਸ਼ੋਭਾ ਯਾਤਰਾਵਾਂ ਕੱਢਣ ਦਾ ਫੈਸਲਾ ਕੀਤਾ ਏ , ਜੋ ਗੁਰੂ ਜੀ ਦੇ ਪਵਿੱਤਰ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਣਗੀਆਂ। ਪੰਜਾਬ ਦੇ ਵੱਖ-ਵੱਖ ਹਿੱਸਿਆਂ ਤੋਂ ਸ਼ਰਧਾਲੂਆਂ ਨੂੰ ਵਾਰਾਣਸੀ ਸਥਿਤ ਸ੍ਰੀ ਗੁਰੂ ਰਵਿਦਾਸ ਜੀ ਦੇ ਜਨਮ ਅਸਥਾਨ ਮੰਦਰ ਦੇ ਦਰਸ਼ਨਾਂ ਲਈ ਤੀਰਥ ਯਾਤਰਾਵਾਂ ਦੀ ਸਹੂਲਤ ਦੇਣ ਦਾ ਵੀ ਫੈਸਲਾ ਲਿਆ ਗਿਆ। ਸੂਬੇ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਸੈਮੀਨਾਰ ਕਰਵਾਉਣ ਦੀ

ਪ੍ਰਵਾਨਗੀ ਦਿੱਤੀ। ਇਸ ਖਾਕੇ ਵਿੱਚ ਹਰ ਜ਼ਿਲ੍ਹੇ ਵਿੱਚ ਡਰੋਨ ਸ਼ੋਅ ਅਤੇ ਪਿੰਡਾਂ ਵਿੱਚ ਦਸਤਾਵੇਜ਼ੀ ਫ਼ਿਲਮਾਂ ਦੀ ਸਕ੍ਰੀਨਿੰਗ ਰਾਹੀਂ ਪ੍ਰਚਾਰ ਵੀ ਸ਼ਾਮਲ ਏ , ਤਾਂ ਜੋ ਆਧੁਨਿਕ ਤਕਨਾਲੋਜੀ ਰਾਹੀਂ ਜਾਗਰੂਕਤਾ ਵਧਾਈ ਜਾ ਸਕੇ।ਵਾਤਾਵਰਣ ਦੀ ਸਾਂਭ-ਸੰਭਾਲ ਅਤੇ ਸਮਾਜ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਕਮੇਟੀ ਨੇ ਸ਼ਤਾਬਦੀ ਨੂੰ ਸਮਰਪਿਤ ਹਰ ਜ਼ਿਲ੍ਹੇ ਵਿੱਚ ਸਾਢੇ 6 ਲੱਖ ਬੂਟੇ ਲਗਾਉਣ ਦੀ ਮੁਹਿੰਮ ਸ਼ੁਰੂ ਕਰਨ ਬਾਰੇ ਵਿਚਾਰ-ਵਟਾਂਦਰਾ ਕੀਤਾ। ਸਾਲ ਭਰ ਚੱਲਣ ਵਾਲੇ ਇਨ੍ਹਾਂ ਸਮਾਗਮਾਂ ਦੇ ਹਿੱਸੇ ਵਜੋਂ ਖ਼ੂਨਦਾਨ ਕੈਂਪ, ਮੈਰਾਥਨ, ਸਾਈਕਲ ਰੈਲੀਆਂ ਅਤੇ ਵਿਸ਼ਾਲ ਕੀਰਤਨ ਸਮਾਗਮ ਵੀ ਕਰਵਾਏ ਜਾਣਗੇ।